VIGILANCE BUREAU, PUNJAB

**Vigilance nabs 14 officials in bribery cases**
(Registers 6 vigilance enquiries to probe corruption charges)

Chandigarh, March 26 : State Vigilance Bureau (VB) during its ongoing drive against corruption in public life has been able to nab 14 officials red handed accepting bribes in 11 different trap cases during the last month which includes 5 police personnel, 5 revenue officials and 4 belonging to other departments.

Disclosing this, chief director-cum-ADGP vigilance bureau Punjab B.K. Uppal said the VB has put up its best efforts to stamp out corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He informed that the bureau had submitted challans of ten vigilance cases in various special courts in February. Apart from this, six vigilance enquires have also been registered to probe into the allegations against public servants.

Giving more details, he informed that special courts have decided seven bribery cases filed and contested by the bureau during last month. Harinder Singh senior assistant of treasury office Punjab along with Dev Raj, Kuldeep Singh and Bant Singh (all private persons) were convicted and sentenced with 7 years imprisonment and fine of Rs. 6.4 lac and 5.4 lac each by additional sessions judge SAS Nagar.

In another case Baldev Singh, junior assistant in district treasury office Ludhiana was sentenced with 2 months imprisonment and fine of Rs. 25,000 by additional sessions judge Ludhiana. Surinder Kumar, clerk of MC Patiala was sentenced with 4 year imprisonment and fine of Rs. 1.5 lac by additional sessions judge Patiala. Manjinder Singh clerk of cooperative bank, Mehma Sarja in Bathinda district was sentenced with 7 years imprisonment and fine of Rs. 42,75,000 by additional sessions judge Bathinda.

Likewise Ravinderpal Singh Sidhu chairman Punjab Public Service Commission was sentenced with 7 years imprisonment and fine of Rs. 75 lac by additional sessions judge SAS Nagar. Vinay Kumar, Clerk of MC Bathinda was sentenced with 4 years imprisonment and fine of Rs. 10,000 by additional sessions judge Bathinda and Sarwan Singh secretary cooperative societies Moga was sentenced with 4 years imprisonment and fine of Rs. 10,000 by additional sessions judge Moga.

--------------------

# ਵਿਜੀਲੈਂਸ ਬਿਊਰੋ ਪੰਜਾਬ
## ਵਿਜੀਲੈਂਸ ਵੱਲੋਂ 14 ਮੁਲਾਜ਼ਮ ਰਿਸ਼ਵਤ ਲੈਂਦੇ ਕਾਬੂ
### (ਭ੍ਰਿਸ਼ਟਾਚਾਰ ਕੇਸਾਂ ਦੀ ਜਾਂਚ ਲਈ 6 ਵਿਜੀਲੈਂਸ ਪੜਤਾਲਾਂ ਦਰਜ)

ਚੰਡੀਗੜ੍ਹ, 26 ਮਾਰਚ : ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪਿਛਲੇ ਮਹੀਨੇ ਦੌਰਾਨ ਕੁੱਲ 11 ਛਾਪੇ ਮਾਰਕੇ 14 ਸਰਕਾਰੀ ਮੁਲਾਜ਼ਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਿਨ੍ਹਾਂ ਵਿਚ ਮਾਲ ਮਹਿਕਮੇ ਦੇ 5 ਮੁਲਾਜ਼ਮ, ਪੁਲਿਸ ਵਿਭਾਗ ਦੇ 5 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 4 ਮੁਲਾਜਮਾਂ ਸਮੇਤ ਪ੍ਰਾਇਵੇਟ ਵਿਅਕਤੀ ਵੀ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ ਹੈ। ਇਸ ਦਿਸ਼ਾ ਵਿਚ ਵਿਜੀਲੈਂਸ ਅਫ਼ਸਰਾਂ ਨੇ ਇਹ ਸੰਕਲਪ ਲਿਆ ਹੈ ਕਿ ਰਾਜ ਦੇ ਵੱਖ-ਵੱਖ ਅਦਾਲਤਾਂ ਵਿੱਚ ਸ਼ੱਕੀ ਵਿਅਕਤੀ ਨੂੰ ਨਿਆਂਇਕ ਸਜ਼ਾ ਦਿਵਾਉਣ ਵਿਚ ਹਰ ਸੰਭਵ ਕੋਸ਼ਿਸ਼ਾਂ ਜਾਰੀ ਰਖਣਗੇ ।

ਉਨ੍ਹਾਂ ਕਿਹਾ ਕਿ ਫਰਵਰੀ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ ਕੇਸਾਂ ਦੇ 10 ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਜਾਂਚ ਕਰਨ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ।

ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਸ਼੍ਰੀ ਉਪਲ ਨੇ ਦੱਸਿਆ ਕਿ ਇਸੇ ਮਹੀਨੇ ਦੌਰਾਨ 7 ਮੁਕੱਦਮਿਆਂ ਵਿਚ ਵੱਖ-ਵੱਖ ਅਦਾਲਤਾਂ ਵਲੋਂ 10 ਦੋਸ਼ੀਆਂ ਨੂੰ ਸਜ਼ਾਵਾਂ ਅਤੇ ਜੁਰਮਾਨੇ ਸੁਣਾਏ ਗਏ ਜਿਨ੍ਹਾਂ ਵਿਚ ਹਰਿੰਦਰ ਸਿੰਘ ਸੀਨੀਅਰ ਸਹਾਇਕ ਖਜਾਨਾ ਦਫਤਰ ਪੰਜਾਬ ਅਤੇ ਪ੍ਰਾਇਵੇਟ ਵਿਅਕਤੀਆਂ ਵਿਚ ਦੇਵਰਾਜ, ਕੁਲਦੀਪ ਸਿੰਘ ਅਤੇ ਬੰਤ ਸਿੰਘ ਨੂੰ ਵਧੀਕ ਸੈਸ਼ਨਜ਼ ਜੱਜ ਮੋਹਾਲੀ ਵਲੋਂ 7 ਸਾਲ ਦੀ ਕੈਦ ਸਮੇਤ ਕ੍ਰਮਵਾਰ 6.4 ਲੱਖ ਰੁਪਏ ਅਤੇ 5.4 ਲੱਖ ਰੁਪਏ ਦਾ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

ਇਸੇ ਤਰ੍ਹਾਂ ਬਲਦੇਵ ਸਿੰਘ ਜੂਨੀਅਰ ਸਹਾਇਕ ਖਜਾਨਾ ਦਫਤਰ ਲੁਧਿਆਣਾ ਨੂੰ ਵਧੀਕ ਸੈਸ਼ਨਜ਼ ਜੱਜ ਲੁਧਿਆਣਾ ਵਲੋਂ 2 ਮਹੀਨੇ ਦੀ ਕੈਦ ਸਮੇਤ 25 ਹਜਾਰ ਰੁਪਏ ਦਾ ਜੁਰਮਾਨੇ ਦੀ ਸਜ਼ਾ, ਸੁਰਿੰਦਰ ਕੁਮਾਰ ਕਲਰਕ ਨਗਰ ਨਿਗਮ ਪਟਿਆਲਾ ਨੂੰ ਵਧੀਕ ਸੈਸ਼ਨਜ਼ ਜੱਜ ਪਟਿਆਲਾ ਵਲੋਂ 4 ਸਾਲ ਦੀ ਕੈਦ ਸਮੇਤ 1.5 ਲੱਖ ਰੁਪਏ ਦਾ ਜੁਰਮਾਨੇ ਦੀ ਸਜ਼ਾ, ਮਨਜਿੰਦਰ ਸਿੰਘ ਕਲਰਕ ਕੋਆਪਰੇਟਿਵ ਬੈਂਕ ਬਠਿੰਡਾ ਨੂੰ ਵਧੀਕ ਸੈਸ਼ਨਜ਼ ਜੱਜ ਬਠਿੰਡਾ ਵਲੋਂ 7 ਸਾਲ ਦੀ ਕੈਦ ਸਮੇਤ 42 ਲੱਖ 75 ਹਜਾਰ ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

ਇਸੇ ਤਰ੍ਹਾਂ ਪੰਜਾਬ ਪਬਲਿਕ ਸਰਵਿਸਜ ਕਮਿਸ਼ਨ ਦੇ ਚੇਅਰਮੈਨ ਰਵਿੰਦਰਪਾਲ ਸਿੰਘ ਸਿੱਧੂ ਨੂੰ ਵਧੀਕ ਸੈਸ਼ਨਜ਼ ਜੱਜ ਐਸ.ਏ.ਐਸ.ਨਗਰ ਵਲੋਂ 7 ਮਹੀਨੇ ਦੀ ਕੈਦ ਸਮੇਤ 75 ਲੱਖ ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਨਗਰ ਨਿਗਮ ਬਠਿੰਡਾ ਵਿਖੇ ਤਾਇਨਾਤ ਵਿਨੈ ਕੁਮਾਰ ਕਲਰਕ ਨੂੰ ਵਧੀਕ ਸੈਸ਼ਨਜ਼ ਜੱਜ ਬਠਿੰਡਾ ਵਲੋਂ 4 ਸਾਲ ਦੀ ਕੈਦ ਸਮੇਤ 10 ਹਜਾਰ ਰੁਪਏ ਦਾ ਜੁਰਮਾਨੇ ਦੀ ਸਜ਼ਾ ਅਤੇ ਕੋਆਪਰੇਟਿਵ ਸੁਸਾਇਟੀ ਮੋਗਾ ਵਿਖੇ ਤਾਇਨਾਤ ਸਰਵਨ ਸਿੰਘ ਸਕੱਤਰ ਨੰ ਨੂੰ ਵਧੀਕ ਸੈਸ਼ਨਜ਼ ਜੱਜ ਮੋਗਾ ਵਲੋਂ 4 ਸਾਲ ਦੀ ਕੈਦ ਸਮੇਤ 10 ਹਜਾਰ ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

--------------------